ਵਡਹੰਸੁ ਮਹਲਾ ੩ ॥ ਨਦਰੀ ਸਤਗੁਰੁ ਸੇਵੀਐ ਨਦਰੀ ਸੇਵਾ ਹੋਇ ॥ ਨਦਰੀ ਇਹੁ ਮਨੁ ਵਸਿ ਆਵੈ ਨਦਰੀ ਮਨੁ ਨਿਰਮਲੁ ਹੋਇ ॥੧॥ ਮੇਰੇ ਮਨ ਚੇਤਿ ਸਚਾ ਸੋਇ ॥ ਏਕੋ ਚੇਤਹਿ ਤਾ ਸੁਖੁ ਪਾਵਹਿ ਫਿਰਿ ਦੂਖੁ ਨ ਮੂਲੇ ਹੋਇ ॥ ੧॥ ਰਹਾਉ ॥ ਨਦਰੀ ਮਰਿ ਕੈ ਜੀਵੀਐ ਨਦਰੀ ਸਬਦੁ ਵਸੈ ਮਨਿ ਆਇ ॥ ਨਦਰੀ ਹੁਕਮੁ ਬੁਝੀਐ ਹੁਕਮੇ ਰਹੈ ਸਮਾਇ ॥੨॥ ਜਿਨਿ ਜਿਹਵਾ ਹਰਿ ਰਸੁ ਨ ਚਖਿਓ ਸਾ ਜਿਹਵਾ ਜਲਿ ਜਾਉ ॥ ਅਨ ਰਸ ਸਾਦੇ ਲਗਿ ਰਹੀ ਦੁਖੁ ਪਾਇਆ ਦੂਜੈ ਭਾਇ ॥ ੩॥ ਸਭਨਾ ਨਦਰਿ ਏਕ ਹੈ ਆਪੇ ਫਰਕੁ ਕਰੇਇ ॥ ਨਾਨਕ ਸਤਗੁਰਿ ਮਿਲਿਐ ਫਲੁ ਪਾਇਆ ਨਾਮੁ ਵਡਾਈ ਦੇਇ ॥ ੪॥੨॥
{ਪੰਨਾ 558}

ਪਦਅਰਥ:- ਨਦਰੀ—(ਪਰਮਾਤਮਾ ਦੀ ਕਿਰਪਾ ਦੀ) ਨਜ਼ਰ ਨਾਲ। ਸੇਵੀਐ—ਸੇਵਾ ਕੀਤੀ ਜਾ ਸਕਦੀ ਹੈ, ਸਰਨ ਲਈ ਜਾ ਸਕਦੀ ਹੈ। ਵਸਿ—ਕਾਬੂ ਵਿਚ। ਨਿਰਮਲੁ—ਪਵਿਤ੍ਰ।1।

ਚੇਤਿ—ਸਿਮਰ, ਯਾਦ ਕਰਦਾ ਰਹੁ। ਸਚਾ—ਸਦਾ ਕਾਇਮ ਰਹਿਣ ਵਾਲਾ ਪ੍ਰਭੂ। ਮੂਲੇ—ਬਿਲਕੁਲ।1। ਰਹਾਉ।

ਮਰਿ ਕੈ—ਵਿਕਾਰਾਂ ਵਲੋਂ ਅਛੋਹ ਹੋ ਕੇ। ਜੀਵੀਐ—ਆਤਮਕ ਜੀਵਨ ਪ੍ਰਾਪਤ ਕਰੀਦਾ ਹੈ। ਮਨਿ—ਮਨ ਵਿਚ। ਹੁਕਮੇ—ਹੁਕਮਿ ਹੀ, ਹੁਕਮ ਵਿਚ ਹੀ।2।

ਜਿਨਿ—ਜਿਸ ਨੇ। ਜਿਨਿ ਜਿਹਵਾ—ਜਿਸ ਜੀਭ ਨੇ। ਜਲਿ ਜਾਉ—ਸੜ ਜਾਏ, ਉਹ ਸੜਨ-ਜੋਗ ਹੈ। ਅਨ—ਹੋਰ ਹੋਰ। ਸਾਦੇ—ਸਾਦਿ, ਸੁਆਦ ਵਿਚ। ਦੂਜੈ ਭਾਇ—ਮਾਇਆ ਦੇ ਪਿਆਰ ਵਿਚ।3।

ਆਪੇ—ਆਪ ਹੀ। ਕਰੇਇ—ਕਰਦਾ ਹੈ। ਸਤਗੁਰਿ ਮਿਲਿਐ—ਜੇ ਗੁਰੂ ਮਿਲ ਪਏ। ਦੇਇ—ਦੇਂਦਾ ਹੈ।4।

ਅਰਥ:- ਹੇ (ਮੇਰੇ) ਮਨ! ਉਸ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਨੂੰ ਯਾਦ ਕਰਿਆ ਕਰ। ਜੇ ਤੂੰ ਉਸ ਇਕ ਪਰਮਾਤਮਾ ਨੂੰ ਯਾਦ ਕਰਦਾ ਰਹੇਂਗਾ ਤਾਂ ਸੁਖ ਹਾਸਲ ਕਰੇਂਗਾ, ਤੇ, ਤੈਨੂੰ ਕਦੇ ਭੀ ਕੋਈ ਦੁੱਖ ਨਹੀਂ ਪੋਹ ਸਕੇਗਾ।1। ਰਹਾਉ।

(ਹੇ ਭਾਈ!) ਪਰਮਾਤਮਾ ਦੀ ਮੇਹਰ ਦੀ ਨਿਗਾਹ ਨਾਲ ਹੀ ਗੁਰੂ ਦੀ ਸਰਨ ਪੈ ਸਕੀਦਾ ਹੈ, ਮੇਹਰ ਦੀ ਨਜ਼ਰ ਨਾਲ ਹੀ ਪਰਮਾਤਮਾ ਦੀ ਸੇਵਾ-ਭਗਤੀ ਹੋ ਸਕਦੀ ਹੈ। ਮੇਹਰ ਦੀ ਨਿਗਾਹ ਨਾਲ ਹੀ ਇਹ ਮਨ ਕਾਬੂ ਵਿਚ ਆਉਂਦਾ ਹੈ, ਤੇ, ਪਵਿਤ੍ਰ ਹੋ ਜਾਂਦਾ ਹੈ।1।

(ਹੇ ਭਾਈ!) ਪਰਮਾਤਮਾ ਦੀ ਕਿਰਪਾ ਦੀ ਨਜ਼ਰ ਨਾਲ ਹੀ ਵਿਕਾਰਾਂ ਵਲੋਂ ਹਟ ਕੇ ਆਤਮਕ ਜੀਵਨ ਹਾਸਲ ਕਰੀਦਾ ਹੈ, ਤੇ, ਗੁਰੂ ਦਾ ਸ਼ਬਦ ਮਨ ਵਿਚ ਆ ਵੱਸਦਾ ਹੈ। ਮੇਹਰ ਦੀ ਨਿਗਾਹ ਨਾਲ ਹੀ ਪਰਮਾਤਮਾ ਦੀ ਰਜ਼ਾ ਨੂੰ ਸਮਝ ਸਕੀਦਾ ਹੈ, ਤੇ, ਰਜ਼ਾ ਵਿਚ ਹੀ ਸਦਾ ਟਿਕੇ ਰਹੀਦਾ ਹੈ।2।

ਹੇ ਭਾਈ! ਜਿਸ ਜੀਭ ਨੇ ਕਦੇ ਪਰਮਾਤਮਾ ਦੇ ਨਾਮ ਦਾ ਸੁਆਦ ਨਹੀਂ ਚੱਖਿਆ ਉਹ ਜੀਭ ਸੜਨ-ਜੋਗੀ ਹੀ ਹੈ, (ਕਿਉਂਕਿ ਜਿਸ ਮਨੁੱਖ ਦੀ ਜੀਭ) ਹੋਰ ਹੋਰ ਰਸਾਂ ਦੇ ਸੁਆਦ ਵਿਚ ਲੱਗੀ ਰਹਿੰਦੀ ਹੈ, ਉਹ ਮਨੁੱਖ ਮਾਇਆ ਦੇ ਮੋਹ ਵਿਚ ਫਸ ਕੇ ਦੁੱਖ (ਹੀ) ਪਾਂਦਾ ਰਹਿੰਦਾ ਹੈ।3।

(ਹੇ ਭਾਈ! ਉਂਞ ਤਾਂ) ਸਭ ਜੀਵਾਂ ਉਤੇ ਇਕ ਪਰਮਾਤਮਾ ਦੀ ਹੀ ਕਿਰਪਾ ਦੀ ਨਜ਼ਰ ਰਹਿੰਦੀ ਹੈ, (ਪਰ ਕੋਈ ਚੰਗਾ ਬਣ ਜਾਂਦਾ ਹੈ ਕੋਈ ਵਿਕਾਰੀ ਹੋ ਜਾਂਦਾ ਹੈ, ਇਹ) ਫ਼ਰਕ (ਭੀ) ਪਰਮਾਤਮਾ ਆਪ ਹੀ ਬਣਾਂਦਾ ਹੈ (ਕਿਉਂਕਿ) ਹੇ ਨਾਨਕ! ਜੇ ਗੁਰੂ ਮਿਲ ਪਏ (ਤਾਂ ਹੀ ਪਰਮਾਤਮਾ ਦੀ ਮੇਹਰ ਦੀ ਨਿਗਾਹ ਦਾ) ਫਲ ਮਿਲਦਾ ਹੈ (ਪਰਮਾਤਮਾ ਗੁਰੂ ਦੀ ਰਾਹੀਂ ਆਪਣਾ) ਨਾਮ ਬਖ਼ਸ਼ਦਾ ਹੈ (ਇਹ ਨਾਮ-ਪ੍ਰਾਪਤੀ ਹੀ ਸਭ ਤੋਂ ਵੱਡੀ) ਇੱਜ਼ਤ (ਹੈ)।4।2।